# ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ

# Live Attenuated Influenza (Flu) Vaccine

## ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ ਵੈਕਸੀਨ ਕੀ ਹੈ?

ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ ਵੈਕਸੀਨ (ਐਲਏਆਈਵੀ – LAIV) ਕਮਜ਼ੋਰ ਕੀਤੇ ਗਏ ਇੰਨਫਲੂਐਨਜ਼ਾ ਵਾਇਰਸਾਂ ਤੋਂ ਬਣਾਈ ਜਾਂਦੀ ਹੈ ਅਤੇ ਨੱਕ ਰਾਹੀਂ ਸਪਰੇਅ ਵਜੋਂ ਦਿੱਤੀ ਜਾਂਦੀ ਹੈ। ਵੈਕਸੀਨ ਜ਼ੁਕਾਮਾਂ ਜਾਂ ਪੇਟ ਦੇ ਫਲੂ (ਉਲਟੀਆਂ ਅਤੇ ਦਸਤ) ਦਾ ਕਾਰਨ ਬਣਨ ਵਾਲੇ ਦੂਸਰੇ ਵਾਇਰਸਾਂ ਦੇ ਵਿਰੁੱਧ ਰੱਖਿਆ ਨਹੀਂ ਕਰਦੀ।

ਐਲਏਆਈਵੀ (LAIV) ਤੋਂ ਇਲਾਵਾ, ਬੀ. ਸੀ. ਵਿੱਚ, ਕਈ ਇੰਨਐਕਟੀਵੇਟਿਡ ਇੰਨਫਲੂਐਨਜ਼ਾ ਵੈਕਸੀਨਾਂ ਉਪਲਬਧ ਹਨ। ਇੰਨਐਕਟੀਵੇਟਿਡ ਵੈਕਸੀਨਾਂ ਮਾਰੇ ਗਏ ਇੰਨਫਲੂਐਨਜ਼ਾ ਵਾਇਰਸਾਂ ਜਾਂ ਵਾਇਰਸਾਂ ਦੇ ਹਿੱਸੇ ਤੋਂ ਬਣਾਈਆਂ ਜਾਂਦੀਆਂ ਹਨ, ਅਤੇ ਟੀਕੇ ਦੁਆਰਾ ਦਿੱਤੀਆਂ ਜਾਂਦੀਆਂ ਹਨ। ਹੋਰ ਜਾਣਕਾਰੀ ਲਈ, HealthLinkBC File #12d ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਦੇਖੋ। ਸਾਰੀਆਂ ਵੈਕਸੀਨਾਂ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹਨ।

ਬੀ. ਸੀ. ਵਿਚ, ਇੰਨਫਲੂਐਨਜ਼ਾ ਵੈਕਸੀਨਾਂ ਆਮਤੌਰ ਤੇ ਅਕਤੂਬਰ ਦੀ ਸ਼ੁਰੂਆਤ ਵਿੱਚ ਉਪਲਬਧ ਹੁੰਦੀਆਂ ਹਨ।ਆਪਣੀ ਸਭ ਤੋਂ ਵਧੀਆ ਸੁਰੱਖਿਆ ਲਈ, ਜਿੰਨੀ ਜਲਦੀ ਸੰਭਵ ਹੋਵੇ ਬੀਮਾਰੀ ਤੋਂ ਬਚਾਓ ਲਈ ਟੀਕਾ ਲਗਵਾਓ।ਤੁਸੀਂ ਬ੍ਰਿਟਿਸ਼ ਕੋਲੰਬੀਆ ਦੀ ਸਰਕਾਰ ਦੀ ਵੈੱਬਸਾਈਟ www2.gov.bc.ca/gov/content/health/managing-your-health/immunizations/flu/pun 'ਤੇ ਇਮਿਊਨਾਈਜ਼ੇਸ਼ਨ ਕਰਵਾਉਣ ਲਈ ਅਪਾਇੰਟਮੈਂਟ ਬੁੱਕ ਕਰਨ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹੋ।

## ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਇਨਫਲੂਐਂਜ਼ਾ ਵੈਕਸੀਨਾਂ ਬਿਨਾਂ ਕਿਸੇ ਖਰਚੇ ਦੇ ਉਪਲਬਧ ਹਨ ਅਤੇ 6 ਮਹੀਨੇ ਅਤੇ ਇਸ ਤੋਂ ਵੱਧ ਉਮਰ ਦੇ ਹਰੇਕ ਲਈ ਸਿਫ਼ਾਰਸ਼ ਕੀਤੇ ਜਾਂਦੇ ਹਨ।2 ਸਾਲ ਤੋਂ ਘੱਟ ਉਮਰ ਦੇ ਲੋਕਾਂ ਨੂੰ ਟੀਕੇ ਦੁਆਰਾ ਦਿੱਤੀ ਗਈ ਇਨਐਕਟੀਵੇਟਿਡ ਇਨਫਲੂਐਂਜ਼ਾ ਵੈਕਸੀਨ ਲੈਣ ਦੀ ਲੋੜ ਹੋਵੇਗੀ। LAIV ਜਾਂ ਕਿਸੇ ਹੋਰ ਇਨਫਲੂਐਂਜ਼ਾ ਵੈਕਸੀਨ ਦੀ ਖਾਸ ਤੌਰ 'ਤੇ ਉਨ੍ਹਾਂ ਲਈ ਸਿਫ਼ਾਰਸ਼ ਕੀਤੀ ਜਾਂਦੀ ਹੈ ਜਿਨ੍ਹਾਂ ਨੂੰ ਇਨਫਲੂਐਨਜ਼ਾ ਤੋਂ ਗੰਭੀਰ ਬਿਮਾਰੀ ਹੋਣ ਦਾ ਜ਼ਿਆਦਾ ਖ਼ਤਰਾ ਹੁੰਦਾ ਹੈ। ਇਸ ਵਿੱਚ ਸ਼ਾਮਲ ਹਨ:

- 2 ਸਾਲਾਂ ਤੋਂ ਲੈਕੇ 5 ਸਾਲ ਤੋਂ ਘੱਟ ਉਮਰ ਦੇ ਸਾਰੇ ਬੱਚੇ
- 5 ਤੋਂ 17 ਸਾਲਾਂ ਦੀ ਉਮਰ ਦੇ ਕੁਝ ਖਾਸ ਮੈਡੀਕਲ ਅਵਸਥਾਵਾਂ ਵਾਲੇ ਬੱਚੇ, ਜਿੰਨਾਂ ਵਿੱਚ ਸ਼ਾਮਲ ਹਨ:
  - ਦਿਲ ਜਾਂ ਫੇਫੜਿਆਂ ਦੀਆਂ ਬੀਮਾਰੀਆਂ ਜੋ ਨੇਮਕ ਮੈਡੀਕਲ ਦੇਖਭਾਲ ਮੰਗਦੀਆਂ ਹਨ, ਜਿਵੇਂ ਕਿ ਹਲਕੇ ਤੋਂ ਮੱਠਾ ਦਮਾ, ਫੇਫੜਿਆਂ ਵਿੱਚ ਰੁਕਾਵਟ ਦੀ ਪੁਰਾਣੀ ਬੀਮਾਰੀ (chronic obstructive pulmonary disease) ਜਾਂ ਸਿਸਟਿਕ ਫਾਈਬ੍ਰੋਸਿਸ (cystic fibrosis)
  - ਗੁਰਦੇ ਦੀ ਬੀਮਾਰੀ, ਜਿਗਰ ਦੀ ਚਿਰਕਾਲੀ ਬੀਮਾਰੀ ਜਿਵੇਂ ਕਿ ਹੈਪੇਟਾਈਟਸ, ਡਾਇਬੀਟੀਜ਼, ਕੈਂਸਰ ਜਾਂ ਅਨੀਮੀਆ
  - ਸਿਹਤ ਸੰਬੰਧੀ ਅਜਿਹੀਆਂ ਅਵਸਥਾਵਾਂ ਜੋ ਸਾਹ ਲੈਣ ਜਾਂ ਨਿਗਲਣ, ਜਾਂ ਭੋਜਨ ਜਾਂ ਤਰਲ ਪਦਾਰਥਾਂ ਦੇ ਗਲੇ ਵਿੱਚ ਫੱਸਣ ਦੇ ਜੋਖਮ ਦਾ ਕਾਰਨ ਬਣਦੀਆਂ ਹਨ, ਜਿਵੇਂ ਕਿ ਤੀਬਰ ਦਿਮਾਗੀ ਨੁਕਸਾਨ, ਰੀੜ ਦੀ ਹੱਡੀ ਦੀ ਸੱਟ, ਦੌਰੇ ਜਾਂ ਨਿਊਰੋਮਸਕੂਲਰ (neuromuscular) ਬੀਮਾਰੀਆਂ ਵਾਲੇ ਲੋਕ
  - ਉਹ ਲੋਕ ਜੋ ਬਹੁਤ ਮੋਟੇ ਹਨ

ਬਸਤੀਵਾਦ ਦੇ ਨਤੀਜੇ ਵਜੋਂ ਸਿਹਤ ਅਸਮਾਨਤਾਵਾਂ ਦੇ ਕਾਰਨ ਇੰਡਿਜਿਨਸ ਬੱਚੇ ਇਨਫਲੂਐਂਜ਼ਾ ਤੋਂ ਗੰਭੀਰ ਬਿਮਾਰੀ ਦੇ ਵਧੇ ਹੋਏ ਜੋਖਮ 'ਤੇ ਹੋ ਸਕਦੇ ਹਨ।

5 ਤੋਂ 17 ਸਾਲ ਦੀ ਉਮਰ ਦੇ ਬੱਚੇ ਜੋ ਉਨ੍ਹਾਂ ਲੋਕਾਂ ਦੇ ਘਰੇਲੂ ਸੰਪਰਕ ਹਨ ਜਿਨ੍ਹਾਂ ਨੂੰ ਇਨਫਲੂਐਂਜ਼ਾ ਤੋਂ ਗੰਭੀਰ ਬਿਮਾਰੀ ਹੋਣ ਦਾ ਖਤਰਾ ਹੈ, ਨੂੰ ਵੀ ਵੈਕਸੀਨ ਲਗਵਾਉਣੀ ਚਾਹੀਦੀ ਹੈ। ਇੰਨਫਲੂਐਨਜ਼ਾ ਕਰਕੇ ਗੰਭੀਰ ਬੀਮਾਰੀ ਦੇ ਜ਼ਿਆਦਾ ਖਤਰੇ ਵਾਲੇ ਲੋਕਾਂ ਦੀ ਸੂਚੀ HealthLinkBC File #12d ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਵਿੱਚ ਦਿੱਤੀ ਗਈ ਹੈ।

ਸੂਈਆਂ ਦੇ ਤੀਬਰ ਡਰ ਵਾਲੇ 18-59 ਸਾਲ ਦੀ ਉਮਰ ਦੇ ਬਾਲਗ ਵੀ LAIV ਲਗਵਾ ਸਕਦੇ ਹਨ ਜੇਕਰ ਉਹ ਇਨਐਕਟੀਵੇਟਿਡ ਇਨਫਲੂਐਂਜ਼ਾ ਵੈਕਸੀਨ ਲੈਣ ਲਈ ਤਿਆਰ ਨਹੀਂ ਹਨ। ਪਰ, ਇਨਐਕਟੀਵੇਟਿਡ ਇਨਫਲੂਐਨਜ਼ਾ ਵੈਕਸੀਨ ਦੀ ਬਾਲਗਾਂ ਲਈ ਸਿਫਾਰਸ਼ ਕੀਤੀ ਜਾਂਦੀ ਹੈ ਕਿਉਂਕਿ ਇਹ ਇਸ ਉਮਰ ਸਮੂਹ ਵਿੱਚ ਲਾਈਵ ਵੈਕਸੀਨ ਨਾਲੋਂ ਇਨਫਲੂਐਨਜ਼ਾ ਦੀ ਲਾਗ ਦੇ ਵਿਰੁੱਧ ਬਿਹਤਰ ਸੁਰੱਖਿਆ ਪ੍ਰਦਾਨ ਕਰਦੀ ਹੈ।

## ਵੈਕਸੀਨ ਕਿਸ ਤਰ੍ਹਾਂ ਦਿੱਤੀ ਜਾਂਦੀ ਹੈ?

ਐਲਏਆਈਵੀ (LAIV) ਨੱਕ ਦੇ ਦੋਨਾਂ ਨਾਸਾਂ ਦੇ ਵਿੱਚ ਛਿੜਕੇ ਜਾਣ ਵਾਲੇ (intranasal) ਸਪ੍ਰੇ ਦੀ ਤਰ੍ਹਾਂ ਦਿੱਤੀ ਜਾਂਦੀ ਹੈ। 9 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਬੱਚਿਆਂ ਨੂੰ ਵੈਕਸੀਨ ਦੀ 1 ਖੁਰਾਕ ਦੀ ਲੋੜ ਹੁੰਦੀ ਹੈ।2 ਤੋਂ 8 ਸਾਲ ਦੀ ਉਮਰ ਦੇ ਬੱਚੇ ਜਿੰਨਾਂ ਨੂੰ ਕਦੇ ਵੀ ਇੰਨਫਲੂਐਨਜ਼ਾ ਵੈਕਸੀਨ ਨਹੀਂ ਮਿਲੀ ਹੈ, ਨੂੰ 4 ਹਫ਼ਤਿਆਂ ਦੇ ਅੰਤਰਾਲ 'ਤੇ 2 ਖੁਰਾਕਾਂ ਦੀ ਲੋੜ ਹੈ।ਦੂਸਰੀ ਖੁਰਾਕ ਉਨ੍ਹਾਂ ਦੀ ਰੱਖਿਆ ਦੇ ਸਤਰ ਨੂੰ ਵਧਾਉਂਦੀ ਹੈ।

## ਵੈਕਸੀਨ ਲੈਣ ਦੇ ਕੀ ਲਾਭ ਹਨ?

ਵੈਕਸੀਨ ਇੰਨਫਲੂਐਨਜ਼ਾ ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ, ਜੋ ਕਿ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬੀਮਾਰੀ ਹੁੰਦੀ ਹੈ। ਜਦੋਂ ਤੁਸੀਂ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਦੇ ਨਾਲ ਹੀ

ਇੰਨਫਲੂਐਨਜ਼ਾ ਵਾਇਰਸ ਦੇ ਫੈਲਣ ਨੂੰ ਘਟਾਉਣ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਐਲਏਆਈਵੀ (LAIV) ਵਿੱਚ ਕਮਜ਼ੋਰ ਕੀਤੇ ਗਏ ਇੰਨਫਲੂਐਨਜ਼ਾ ਵਾਇਰਸ ਹਨ ਅਤੇ ਉਸ ਕਰਕੇ ਇੰਨਫਲੂਐਨਜ਼ਾ ਦੇ ਹਲਕੇ ਲੱਛਣ ਹੋ ਸਕਦੇ ਹਨ ਜੋ ਇੰਨਫਲੂਐਨਜ਼ਾ ਵਿਗਾੜ ਹੋਣ ਵਾਲੇ ਲੱਛਣਾਂ ਤੋਂ ਕਿਧਰੇ ਜ਼ਿਆਦਾ ਹਲਕੇ ਹੁੰਦੇ ਹਨ। ਲੱਛਣਾਂ ਵਿੱਚ ਵਗਦਾ ਨੱਕ, ਨੱਕ ਦਾ ਭਰਿਆ ਹੋਇਆ ਮਹਿਸੂਸ ਹੋਣਾ, ਖੰਘ, ਗਲੇ ਵਿੱਚ ਪੀੜ ਅਤੇ ਬੁਖਾਰ ਸ਼ਾਮਲ ਹੋ ਸਕਦੇ ਹਨ।ਹੋਰ ਲੱਛਣਾਂ ਵਿੱਚ ਸ਼ਾਮਲ ਹੋ ਸਕਦੇ ਹਨ

- ਸਿਰਦਰਦ
- ਭੁੱਖ ਵਿੱਚ ਕਮੀ
- ਕਮਜ਼ੋਰੀ
- ਮਾਸਪੇਸ਼ੀਆਂ ਵਿੱਚ ਦਰਦ
- ਕੰਬਣੀਆਂ
- ਉਲਟੀਆਂ
- ਪੇਟ ਦਰਦ
- ਚਿੜਚਿੜਾਪਣ

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

*6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ।ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਵੈਕਸੀਨ ਲੈਣ ਵਾਲੇ 1 ਮਿਲੀਅਨ ਲੋਕਾਂ ਵਿੱਚੋਂ 1 ਤੋਂ ਵੀ ਘੱਟ ਲੋਕਾਂ ਵਿੱਚ ਅਜਿਹਾ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਮੁਸ਼ਕਲ, ਜਾਂ ਗਲੇ, ਜੀਭ ਜਾਂ ਬੁੱਲ੍ਹਾਂ ਦੀ ਸੋਜ ਸ਼ਾਮਲ ਹੋ ਸਕਦੀ ਹੈ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਗੁਲਿਅਨ–ਬਾਰ ਸਿੰਡ੍ਰੋਮ (Guillain-Barré Syndrome (GBS) ਜੀਬੀਐਸ) ਇਕ ਅਜਿਹੀ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਦੀ ਕਮਜ਼ੋਰੀ ਅਤੇ ਲਕਵਾ ਹੋ ਸਕਦਾ ਹੈ।ਇਸ ਸਭ ਤੋਂ ਆਮਤੌਰ ਤੇ ਵਿਗਾੜ ਤੋਂ ਬਾਅਦ ਵਾਪਰਦੀ ਹੈ, ਪਰ ਵਿਰਲੇ ਕੇਸਾਂ ਵਿੱਚ ਇਹ ਕੁਝ ਵੈਕਸੀਨਾਂ ਤੋਂ ਬਾਅਦ ਵੀ ਵਾਪਰ ਸਕਦੀ ਹੈ।ਜੀਬੀਐਸ ਪ੍ਰਾਪਤ ਕਰਨ ਵਾਲੇ ਹਰੇਕ ਮਿਲੀਅਨ ਲੋਕਾਂ ਵਿੱਚੋਂ 1 ਵਿੱਚ ਇੰਨਫਲੂਐਨਜ਼ਾ ਵੈਕਸੀਨ ਦੇ ਨਾਲ ਸੰਬੰਧਿਤ ਜੋ ਸਕਦੀ ਹੈ।

ਹਮੇਸ਼ਾ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਗੰਭੀਰ ਜਾਂ ਅਚਾਨਕ ਪ੍ਰਤੀਕਰਮਾਂ ਦੀ ਰਿਪੋਰਟ ਕਰੋ।

ਇਨਫਲੂਐਨਜ਼ਾ ਵੈਕਸੀਨ ਲੈਣ ਤੋਂ ਬਾਅਦ, ਵੈਕਸੀਨ ਦੀ ਸੁਰੱਖਿਆ ਦੀ ਨਿਗਰਾਨੀ ਕਰਨ ਵਾਲੇ ਅਧਿਐਨ ਵਿੱਚ ਹਿੱਸਾ ਲੈਣ ਲਈ ਤੁਹਾਡੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਅਧਿਐਨ ਬਾਰੇ ਹੋਰ ਜਾਣਨ ਲਈ ਕਿਰਪਾ ਕਰਕੇ https://canvas-network.ca 'ਤੇ ਜਾਓ।

## ਲਾਇਵ ਅਟੈਨੁਏਟਿਡ ਇੰਨਫਲੂਐਨਜ਼ਾ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

2 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਉਹ ਔਰਤਾਂ ਜੋ ਗਰਭਵਤੀ ਹਨ, ਜਾਂ ਗਰਭਵਤੀ ਹੋਣ ਦੀ ਯੋਜਨਾ ਬਣਾ ਰਹੀਆਂ ਹਨ, ਨੂੰ ਵੈਕਸੀਨ ਨਹੀਂ ਦਿੱਤੀ ਜਾਣੀ ਚਾਹੀਦੀ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇ:

- ਤੁਹਾਡੇ ਬੱਚੇ ਦੇ ਸਰੀਰ ਦੀ ਸੁਰੱਖਿਆ ਪ੍ਰਣਾਲੀ ਬੀਮਾਰੀ ਜਾਂ ਮੈਡੀਕਲ ਇਲਾਜ ਕਰਕੇ ਕਮਜ਼ੋਰ ਹੈ
- ਤੁਹਾਡੇ ਬੱਚੇ ਨੂੰ ਤੀਬਰ ਦਮਾ ਜਾਂ ਸਾਹ ਦੀ ਕਿਰਿਆਸ਼ੀਲ ਘਰਘਰਾਹਟ ਹੈ
- ਤੁਹਾਡੇ ਬੱਚੇ ਨੂੰ ਇੰਨਫਲੂਐਨਜ਼ਾ ਵੈਕਸੀਨ ਦੀ ਪੂਰਵ ਖੁਰਾਕ ਜਾਂ ਵੈਕਸੀਨ ਦੇ ਕਿਸੇ ਅੰਸ਼ ਪ੍ਰਤੀ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀ ਪ੍ਰਤੀਕਿਰਿਆ ਹੋਈ ਹੈ (ਅੰਡਿਆਂ ਪ੍ਰਤੀ ਐਲਰਜੀਆਂ ਵਾਲੇ ਲੋਕਾਂ ਨੂੰ ਸੁਰੱਖਿਅਤ ਢੰਗ ਨਾਲ ਬਿਮਾਰੀ ਤੋਂ ਬਚਾਅ ਵਾਸਤੇ ਟੀਕੇ ਲਗਾਏ ਜਾ ਸਕਦੇ ਹਨ)
- ਤੁਹਾਡੇ ਬੱਚੇ ਨੂੰ ਕਿਸੇ ਵੀ ਇੰਨਫਲੂਐਨਜ਼ਾ ਵੈਕਸੀਨ ਪ੍ਰਾਪਤ ਕਰਨ ਦੇ 8 ਹਫਤਿਆਂ ਦੇ ਅੰਦਰ ਕਿਸੇ ਹੋਰ ਕਾਰਨ ਦੀ ਪਛਾਣ ਕੀਤੇ ਬਿਨਾਂ GBS ਵਿਕਸਤ ਹੋ ਗਿਆ
- ਤੁਹਾਡੇ ਬੱਚੇ ਨੂੰ ਕਿਸੇ ਮੈਡੀਕਲ ਅਵਸਥਾ ਕਰਕੇ ਸਮੇਂ ਦੀਆਂ ਲੰਮੀਆਂ ਮਿਆਦਾਂ ਲਈ ਐਸਪਰਿੰਨ (Aspirin®) ਜਾਂ ਏਐਸਏ (ASA) ਲੈਣ ਦੀ ਲੋੜ ਹੈ

ਅਜਿਹੇ ਲੋਕ ਜਿਹੜੇ ਬੀਮਾਰੀ ਤੋਂ ਬਚਾਅ ਲਈ ਟੀਕੇ ਲਗਾਏ ਜਾਣ ਦੇ 2 ਹਫਤਿਆਂ ਦੇ ਅੰਦਰ ਸਰੀਰ ਨੂੰ ਬੀਮਾਰੀ ਤੋਂ ਬਚਾਉਣ ਵਾਲੀ ਬਹੁਤ ਕਮਜ਼ੋਰ ਪ੍ਰਣਾਲੀ ਵਾਲੇ ਕਿਸੇ ਵੀ ਵਿਅਕਤੀ, ਜਿਵੇਂ ਕਿ ਬੋਨ ਮੈਰੋ ਬਦਲੇ ਜਾਣ ਵਾਲੇ ਮਰੀਜ਼,ਦੇ ਨਾਲ ਸੰਪਰਕ ਵਿੱਚ ਆਉਣਗੇ ਨੂੰ ਇੰਨਐਕਟੀਵੇਟਿਡ ਇੰਨਫਲੂਐਨਜ਼ਾ ਵੈਕਸੀਨ ਦਿੱਤੀ ਜਾਣੀ ਚਾਹੀਦੀ ਹੈ।ਜੇ ਅਜਿਹੇ ਸੰਪਰਕ ਤੋਂ ਬੱਚਿਆ ਜਾ ਸਕਦਾ ਹੈ, ਤਾਂ ਉਨ੍ਹਾਂ ਨੂੰ ਐਲਏਆਈਵੀ (LAIV) ਦਿੱਤੀ ਜਾ ਸਕਦੀ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਇੰਨਫਲੂਐਨਜ਼ਾ ਕੀ ਹੈ?

ਇੰਨਫਲੂਐਨਜ਼ਾ, ਇੰਨਫਲੂਐਨਜ਼ਾ ਵਾਇਰਸ ਕਰਕੇ ਹੋਣ ਵਾਲਾ ਸਾਹ ਦੀ ਨਲੀ ਦੇ ਉਪਰੀ ਹਿੱਸੇ ਦਾ ਵਿਗਾੜ ਹੈ। ਇੰਨਫਲੂਐਨਜ਼ਾ ਵਾਲੇ ਵਿਅਕਤੀ ਨੂੰ ਵਾਇਰਲ ਜਾਂ ਬੈਕਟੀਰੀਅਲ ਨਿਮੋਨੀਆ, ਜੋ ਕਿ ਫੇਫੜਿਆਂ ਦਾ ਵਿਗਾੜ ਹੈ ਸਮੇਤ, ਦੂਸਰੇ ਵਿਗਾੜਾਂ ਦਾ ਖਤਰਾ ਹੈ।

ਇੰਨਫਲੂਐਨਜ਼ਾ ਖੰਘਣ, ਛਿੱਕਣ, ਜਾਂ ਮੂੰਹ ਤੋਂ ਮੂੰਹ ਦੇ ਸੰਪਰਕ ਹੋਣ ਰਾਹੀਂ ਇੱਕ ਵਿਅਕਤੀ ਤੋਂ ਦੂਸਰੇ ਤਕ ਅਸਾਨੀ ਨਾਲ ਫੈਲਦਾ ਹੈ। ਇਹ ਵਾਇਰਸ ਉਸ ਵੇਲੇ ਵੀ ਫੈਲ ਸਕਦਾ ਹੈ ਜਦੋਂ ਇਕ ਵਿਅਕਤੀ ਦੂਸਰੇ ਵਿਅਕਤੀ ਜਾਂ ਚੀਜ਼ ਦੇ ਉਤੇ ਖਾਂਸੀ ਜਾਂ ਛਿਕ ਤੋਂ ਛੋਟੀਆਂ ਬੂੰਦਾਂ ਨੂੰ ਛੂਹੰਦੇ ਹਨ ਅਤੇ ਫਿਰ ਉਨ੍ਹਾਂ ਦੇ ਹਥਾਂ ਨੂੰ ਧੋਣ ਤੋਂ ਪਹਿਲਾਂ ਉਨ੍ਹਾਂ ਦੀਆਂ ਅੱਖਾਂ, ਮੂੰਹ ਜਾਂ ਨਕ ਨੂੰ ਛੂਹੰਦੇ ਹਨ।

## ਇੰਨਫਲੂਐਨਜ਼ਾ ਰੋਕਥਾਮ ਪਾਲਸੀ ਕੀ ਹੈ?

ਬੀ ਸੀ ਦੀ ਜ਼ਿਆਦਾ ਖਤਰੇ ਵਾਲੇ ਲੋਕਾਂ ਨੂੰ ਇੰਨਫਲੂਐਨਜ਼ਾ ਤੋਂ ਸੁਰਿੱਖਅਤ ਰੱਖਣ ਲਈ ਇੰਨਫਲੂਐਨਜ਼ਾ ਰੋਕਥਾਮ ਪਾਲਸੀ ਹੈ। ਸਿਹਤ ਦੇਖਭਾਲ ਕਰਮਚਾਰੀਆਂ ਵਾਸਤੇ ਇੰਨਫਲੂਐਨਜ਼ਾ ਵਿਰੁੱਧ ਟੀਕਾਕਰਨ ਕਰਵਾਉਣਾ ਜਾਂ ਮਰੀਜ਼ਾਂ ਦੀ ਦੇਖਭਾਲ ਵਾਲੇ ਖੇਤਰਾਂ ਵਿੱਚ ਹੋਣ ਦੌਰਾਨ ਮਾਸਕ ਪਹਿਨਣ ਦੀ ਲੋੜ ਹੈ। ਵਿਦਿਆਰਥੀਆਂ, ਵਲੰਟੀਅਰਾਂ ਅਤੇ ਸਿਹਤ ਦੀ ਦੇਖਭਾਲ ਦੀਆਂ ਸੁਵਿਧਾਵਾਂ ਅਤੇ ਮਰੀਜ਼ਾਂ ਦੀ ਦੇਖਭਾਲ ਵਾਲੇ ਦੂਸਰੇ ਸਥਾਨਾਂ ਵਿੱਚ ਆਉਣ ਵਾਲੇ ਮਿਹਮਾਨਾਂ ਤੋਂ ਇਹ ਆਸ ਵੀ ਕੀਤੀ ਜਾਂਦੀ ਹੈ ਕਿ ਉਹ ਮਾਸਕ ਪਾਉਣ ਜੇ ਉਨ੍ਹਾਂ ਨੇ ਇੰਨਫਲੂਐਨਜ਼ਾ ਵੈਕਸੀਨ ਨਹੀਂ ਲਈ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

## ਹੋਰ ਜਾਣਕਾਰੀ ਲਈ

ਹੋਰ ਜਾਣਕਾਰੀ ਲਈ, ਹੇਠਾਂ ਦਿੱਤੀਆਂ ਹੈਲਥਲਿੰਕਬੀਸੀ ਫਾਇਲਾਂ ਦੇਖੋ:

- HealthLinkBC File #12a ਬਜ਼ੁਰਗਾਂ ਨੂੰ ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ ਕਿਉਂ ਲੈਣੀ ਚਾਹੀਦੀ ਹੈ
- HealthLinkBC File #12b ਇੰਫਲੂਐਂਜ਼ਾ (ਫਲੂ) ਬਾਰੇ ਤੱਥ
- HealthLinkBC File #12c ਇਨਫਲੂਐਂਜ਼ਾ (ਫਲੂ) ਇੰਮਿਊਨਾਈਜ਼ੇਸ਼ਨ: ਮਿਥਾਂ ਅਤੇ ਤੱਥ
- HealthLinkBC File #12d ਇੰਨਐਕਟੀਵੇਟਿਡ ਇੰਨਫਲੂਐਨਜ਼ਾ (ਫਲੂ) ਵੈਕਸੀਨ

BC Centre for Disease Control
Provincial Health Services Authority